**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜ਼ਸਵਿੰਦਰ ਸਿੰਘ ਪੁੱਤਰ ਸ਼੍ਰੀ ਮੇਜਰ ਸਿੰਘ,
ਵਾਸੀ ਗਲੀ ਨੰ; 3, ਭਾਈ ਜਰਨੈਲ ਸਿੰਘ ਨਗਰ ,
ਵਾਰਡ ਨੰ:15, ਅਬੋਹਰ ਰੋਡ, ਸ੍ਰੀ ਮੁਕਤਸਰ ਸਾਹਿਬ।                ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਡਾਇਰੈਕਟਰ ਜਨਰਲ, ਪੁਲਿਸ(ਹੈੱਡਕੁਆਰਟਰਜ਼)
ਪੰਜਾਬ, ਸੈਕਟਰ 9 ,ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ ਜਨਰਲ, ਪੁਲਿਸ(ਹੈੱਡਕੁਆਰਟਰਜ਼)
ਪੰਜਾਬ, ਸੈਕਟਰ-9, ਚੰਡੀਗੜ੍ਹ।                ------ਉੱਤਰਦਾਤਾ

**ਅਪੀਲ ਕੇਸ ਨੰ:29/2019**

**ਹਾਜ਼ਰ:-**

1) ਸ਼੍ਰੀ ਜ਼ਸਵਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪ੍ਰਸ਼ੋਤਮ ਕੁਮਾਰ, ਹੈੱਡ ਕੰਸਟੇਬਲ ਏ.ਐਸ.ਆਈ. (94171-31510)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 21-08-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ ਜਨਰਲ, ਪੁਲਿਸ(ਹੈੱਡਕੁਆਰਟਰਜ਼) ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੀ.ਪੀ.ਆਰ. ਦੀ ਧਾਰਾ 13.21 ਤਹਿਤ ਸੀ-2 ਅਨੁਸਾਰ ਵੱਖ-ਵੱਖ ਮਲਾਜ਼ਮਾਂ ਦੀਆਂ ਕੀਤੀਆਂ ਗਈਆਂ ਪਦ-ਉਨਤੀਆਂ ਨਾਲ ਸਬੰਧਤ 05 ਨੁਕਤਿਆਂ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 15-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 17-12-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 25-02-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ।ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪ੍ਰਸ਼ੋਤਮ ਕੁਮਾਰ, ਹੈੱਡ ਕੰਸਟੇਬਲ ਨੇ ਪੱਤਰ ਨੰ:1497/ਆਰ.ਟੀ.ਆਈ.-1, ਮਿਤੀ 29-05-2019 ਪੇਸ਼ ਕੀਤਾ ਹੈ ਜਿਸ ਰਾਹੀਂ ਅਪੀਲਕਰਤਾ ਨੂੰ ਪੇਸ਼ੀ ਦੌਰਾਨ ਸੂਚਨਾ ਦਸਤੀ ਦੇ ਦਿੱਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।ਅਪੀਲਕਰਤਾ ਵੱਲੋਂ ਸੂਚਨਾ ਪ੍ਰਾਪਤ ਕਰ ਲਈ ਹੈ ਅਤੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 10 ਜੁਲਾਈ, 2019.**                **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜਿੰਦਰ ਸਿੰਘ,
ਪੁੱਤਰ ਸ਼੍ਰੀ ਬਲਦੇਵ ਸਿੰਘ,
ਵਾਸੀ ਪੁਰਾਣੀ ਇੰਨਕਮ ਟੈਕਸ ਵਾਲੀ ਗਲੀ,
ਬਠਿੰਡਾ ਰੋਡ, ਸ੍ਰੀ ਮੁਕਤਸਰ ਸਾਹਿਬ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਡਾਇਰੈਕਟਰ ਜਨਰਲ, ਪੁਲਿਸ(ਹੈਂਡਕੁਆਰਟਰਜ਼)
ਪੰਜਾਬ, ਸੈਕਟਰ 9 ,ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ ਜਨਰਲ, ਪੁਲਿਸ(ਹੈਂਡਕੁਆਰਟਰਜ਼)
ਪੰਜਾਬ, ਸੈਕਟਰ-9, ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:30/2019**

**ਹਾਜ਼ਰ:-**

1) ਸ਼੍ਰੀ ਰਾਜਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪ੍ਰਸ਼ੋਤਮ ਕੁਮਾਰ, ਹੈੱਡ ਕੰਸਟੇਬਲ ਏ.ਐਸ.ਆਈ. (94171-31510)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 21-08-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ ਜਨਰਲ, ਪੁਲਿਸ(ਹੈਂਡਕੁਆਰਟਰਜ਼) ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੀ.ਪੀ.ਆਰ. ਦੀ ਧਾਰਾ 13.21 ਤਹਿਤ ਸੀ-2 ਅਨੁਸਾਰ ਵੱਖ-ਵੱਖ ਮਲਾਜ਼ਮਾਂ ਦੀਆਂ ਕੀਤੀਆਂ ਗਈਆਂ ਪਦ-ਉਨਤੀਆਂ ਨਾਲ ਸਬੰਧਤ 05 ਨੁਕਤਿਆਂ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 15-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 17-12-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 25-02-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ।ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪ੍ਰਸ਼ੋਤਮ ਕੁਮਾਰ, ਹੈੱਡ ਕੰਸਟੇਬਲ ਨੇ ਪੱਤਰ ਨੰ:1495/ਆਰ.ਟੀ.ਆਈ.-1, ਮਿਤੀ 29-05-2019 ਪੇਸ਼ ਕੀਤਾ ਹੈ ਜਿਸ ਰਾਹੀਂ ਅਪੀਲਕਰਤਾ ਨੂੰ ਪੇਸ਼ੀ ਦੌਰਾਨ ਸੂਚਨਾ ਦਸਤੀ ਦੇ ਦਿੱਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।ਅਪੀਲਕਰਤਾ ਵੱਲੋਂ ਸੂਚਨਾ ਪ੍ਰਾਪਤ ਕਰ ਲਈ ਹੈ ਅਤੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 10 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸਰਬਜੀਤ ਸਿੰਘ ਗਿੱਲ,
ਮਕਾਨ ਨੰ:60-35-ਪੀ 376-1,
ਗਲੀ ਨੰ:8 ਮਹਾਂ ਸਿੰਘ ਨਗਰ,
ਡਾਕਖਾਨਾ ਢੰਡਾਰੀ ਕਲਾਂ,
ਲੁਧਿਆਣਾ-141014. --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ ,
ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ:42/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਸੁਰਜੀਤ ਸਿੰਘ (99880-13004)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਵਿੰਦਰ ਸਿੰਘ, ਰੀਡਰ/ਤਹਿਸੀਲਦਾਰ, ਲੁਧਿਆਣਾ ਸੈਂਟਰਲ (99152-11009)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 11-08-2018, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਲਧਿਆਣਾ ਸੈਂਟਰਲ ਤਹਿਸੀਲ ਵਿੱਚ ਸ਼ਾਮਲਾਟ ਜ਼ਮੀਨ ਤੇ ਕਬਜ਼ਾ ਕਰਕੇ ਰਜਿਸਟਰੀਆਂ ਕਰਾਉਣ ਸਬੰਧੀ ਰਿੰਗ ਰੋਡ ਸਿਟੀ ਦੇ ਮਾਲਕਾਂ ਅੰਸੁਲ ਗੋਇਲ ਅਤੇ ਉਨ੍ਹਾਂ ਦੇ ਨਾਲ ਮਿਲੇ ਹੋਏ ਮਾਲ ਵਿਭਾਗ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਵਿਰੁੱਧ ਉਸ ਦੇ ਪਿਤਾ, ਸ਼੍ਰੀ ਅਮਰਜੀਤ ਸਿੰਘ ਧਮੋਟੀਆ ਵੱਲੋਂ ਕੀਤੀ ਗਈ ਸ਼ਿਕਾਇਤ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-09-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 19-12-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 25-02-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਸੁਰਜੀਤ ਸਿੰਘ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਹਰਵਿੰਦਰ ਸਿੰਘ, ਰੀਡਰ/ਤਹਿਸੀਲਦਾਰ, ਲੁਧਿਆਣਾ ਸੈਂਟਰਲ ਨੇ ਪੱਤਰ ਨੰ:1105, ਮਿਤੀ 09-07-2019 ਪੇਸ਼ ਕੀਤਾ ਹੈ ਜਿਸ ਰਾਹੀਂ ਅਪੀਲਕਰਤਾ ਨੂੰ ਪੇਸ਼ੀ ਦੌਰਾਨ ਸੂਚਨਾ ਦਸਤੀ ਦੇ ਦਿੱਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਦੇ ਨੁਮਾਇੰਦੇ, ਸ਼੍ਰੀ ਸੁਰਜੀਤ ਸਿੰਘ ਨੇਂ ਸੂਚਨਾ ਪ੍ਰਾਪਤ ਕਰ ਲਈ ਹੈ ਅਤੇ ਕਿਹਾ ਹੈ ਕਿ ਸੂਚਨਾ ਬਹੁਤ ਲੇਟ ਦਿੱਤੀ ਹੈ ਅਤੇ ਉਹ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ।

3. ਉੱਤਰਦਾਤਾ ਵੱਲੋਂ ਅਪੀਲਕਰਤਾ ਦਿੱਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਪਰੰਤੂ ਸੂਚਨਾ ਲੇਟ ਦੇਣ ਕਾਰਨ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਚਿਤਾਵਨੀ ਦਿੱਤੀ ਜਾਂਦੀ ਹੈ ਕਿ ਭਵਿੱਖ ਵਿੱਚ ਆਰ.ਟੀ.ਆਈ. ਐਕਟ, 2005 ਨਾਲ ਸਬੰਧਤ ਮਾਮਲਿਆਂ ਵੱਲ ਵਿਸ਼ੇਸ਼ ਧਿਆਨ ਦੇ ਕੇ ਨਿਰਧਾਰਿਤ ਸਮੇਂ ਅੰਦਰ ਨਿਪਟਾਰਾ ਕਰਨਾ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 10 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਮ ਮੂਰਤੀ
ਸੰਧੂ ਕਲੋਨੀ, ਜਲੰਧਰ ਰੋਡ ,
ਮਹਿਤਾ ਚੌਂਕ ਤਹਿਸੀਲ ਬਾਬਾ ਬਕਾਲਾ ਸਾਹਿਬ ,
ਜ਼ਿਲਾ ਅੰਮ੍ਰਿਤਸਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਸਹਾਇਕ ਇੰਸਪੈਕਟਰ ਜਰਨਲ ਆਫ ਪੁਲਿਸ,(ਕਰਾਈਮ),
ਪੰਜਾਬ ਚੰਡੀਗੜ੍ਹ।

ਲੋਕ ਸੂਚਨਾ ਅਧਿਕਾਰੀ,
ਸੀਨੀਅਰ ਕਪਤਾਨ, ਪੁਲਿਸ (ਦਿਹਾਤੀ), ਅੰਮ੍ਰਿਤਸਰ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ:34/2019**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਪਾਲ ਸਿੰਘ, ਐਸ.ਆਈ. (98769-61302), ਪੁਲਿਸ ਥਾਣਾ, ਮਹਿਤਾ।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਮਿਤੀ 25-10-2018 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਗ੍ਰਹਿ ਸਕੱਤਰ, ਪੰਜਾਬ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੀ ਦਰਖਾਸਤ, ਮਿਤੀ 18-09-2018 ਜਿਸ ਰਾਹੀਂ ਉਸ ਵੱਲੋਂ ਧੱਕੇ ਨਾਲ ਘਰ ਉੱਤੇ ਕਬਜ਼ਾ ਕਰਨ ਬਾਰੇ ਸ਼ਿਕਾਇਤ ਕੀਤੀ ਗਈ ਸੀ, ਤੇ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਮੰਗੀ ਸੀ। ਗ੍ਰਹਿ ਸਕੱਤਰ, ਪੰਜਾਬ ਦੇ ਦਫਤਰ ਵੱਲੋਂ ਸ਼ਿਕਾਇਤਕਰਤਾ ਦਾ ਬਿਨੈ-ਪੱਤਰ ਸਹਾਇਕ ਇੰਸਪੈਕਟਰ ਜਰਨਲ ਆਫ ਪੁਲਿਸ,(ਕਰਾਈਮ), ਪੰਜਾਬ ਚੰਡੀਗੜ੍ਹ ਨੂੰ ਭੇਜ ਦਿੱਤਾ ਗਿਆ ਸੀ ਅਤੇ ਸਹਾਇਕ ਇੰਸਪੈਕਟਰ ਜਰਨਲ ਆਫ ਪੁਲਿਸ,(ਕਰਾਈਮ), ਪੰਜਾਬ ਚੰਡੀਗੜ੍ਹ ਵੱਲੋਂ ਸ਼ਿਕਾਇਤਕਰਤਾ ਦਾ ਬਿਨੈ-ਪੱਤਰ ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਤਹਿਤ ਲੋਕ ਸੂਚਨਾ ਅਧਿਕਾਰੀ ਦਫ਼ਤਰ ਸੀਨੀਅਰ ਕਪਤਾਨ, ਪੁਲਿਸ (ਦਿਹਾਤੀ), ਅੰਮ੍ਰਿਤਸਰ ਨੂੰ ਤਬਦੀਲ ਕਰ ਦਿੱਤਾ ਗਿਆ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 02-01-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 24-01-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 26-02-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹਰਪਾਲ ਸਿੰਘ, ਐਸ.ਆਈ. (98769-61302), ਪੁਲਿਸ ਥਾਣਾ, ਮਹਿਤਾ ਨੇ ਆਪਣਾ ਲਿਖਤੀ ਬਿਆਨ, ਮਿਤੀ 10-07-2019 ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਸ਼ਿਕਾਇਤਕਰਤਾ ਨੂੰ ਮਿਤੀ 23-04-2019 ਨੂੰ ਮਹਿਤਾ ਚੌਕ ਪੋਸਟ ਆਫਿਸ ਤੋਂ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ ਅਤੇ ਸ਼ਿਕਾਇਤਕਰਤਾ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਹੈ।ਉਸ ਵੱਲੋਂ ਇਸ ਸਬੰਧੀ ਰਜਿਸਟਰੀ ਦੀ ਰਸੀਦ ਦੀ ਕਾਪੀ ਵੀ ਪੇਸ਼ ਕੀਤੀ ਗਈ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਬਿਆਨ ਮਿਸਲ ਤੇ ਰੱਖ ਲਿਆ ਗਿਆ ਹੈ।

3. ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ।ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 10 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਹਰਦਿਆਲ ਸਿੰਘ (ਮੋਬ 98777-09415)
ਪੁੱਤਰ ਸ਼੍ਰੀ ਸ਼ੇਰ ਸਿੰਘ,
ਪਿੰਡ ਤੇ ਡਾਕਖਾਨਾ ਧਬਲਾਨ,
ਤਹਿਸੀਲ ਤੇ ਜ਼ਿਲ੍ਹਾ ਪਟਿਆਲਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਤਹਿਸੀਲਦਾਰ, ਪਟਿਆਲਾ।

ਪਹਿਲੀ ਅਪੀਲੀ ਅਥਾਰਟੀ
ਦਫਤਰ ਉਪ ਮੰਡਲ ਮੈਜਿਟਰੇਟ, ਪਟਿਆਲਾ। ------ਉੱਤਰਦਾਤਾ

**ਅਪੀਲ ਕੇਸ ਨੰ:977/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

ਹੁਕਮ:

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-01-2018, ਲੋਕ ਸੂਚਨਾ ਅਧਿਕਾਰੀ ਦਫਤਰ ਤਹਿਸੀਲਦਾਰ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼੍ਰੀ ਅਵਤਾਰ ਸਿੰਘ ਵੱਲੋਂ ਖਤੌਨੀ ਖਸਰਾ ਨੰ:37//13,14 ਤੇ 7,8 ਦਰਮਿਆਨ ਅਤੇ 7 ਤੇ 6 ਦਰਮਿਆਨ ਜਾਣ ਵਾਲੀ ਪਹੀ ਦੀ ਨਿਸ਼ਾਨਦੇਹੀ ਲਈ ਮਿਤੀ 06-06-2017 ਨੂੰ ਦਿੱਤੀ ਗਈ ਦਰਖਾਸਤ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-09-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 11-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ ਕਮਿਸ਼ਨ ਵਲੋਂ ਮਿਤੀ 07-05-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 12-06-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 12-06-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਅੰਜੂ ਰਾਣੀ, ਕਲਰਕ ਨੇ ਕਿਹਾ ਸੀ ਕਿ ਉਨ੍ਹਾਂ ਕੋਲ ਉਪਲਬਧ ਸੂਚਨਾ ਪਹਿਲਾਂ ਹੀ ਅਪੀਲਕਰਤਾ ਨੂੰ ਦਿੱਤੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:5920, ਮਿਤੀ 03-06-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਸੀ। ਪਰੰਤੂ ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਨੁਕਤਾ ਨੰ:1 ਅਤੇ 2 ਦੀ ਸੂਚਨਾ ਮਿਲ ਗਈ ਹੈ ਅਤੇ ਨੁਕਤਾ ਨੰ;3 ਬਾਰੇ ਸੂਚਨਾ ਨਹੀਂ ਮਿਲੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰ) ਨੂੰ ਹਦਾਇਤ ਕੀਤੀ ਗਈ ਸੀ ਕਿ ਨੁਕਤਾ ਨੰ:3 ਸਬੰਧੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 10-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਲੋਕ ਸੂਚਨਾ ਅਫਸਰ (ਤਹਿਸੀਲਦਾਰ) ਵੱਲੋਂ ਈ.ਮੇਲ, ਮਿਤੀ 09-07-2019 ਰਾਹੀਂ ਪੱਤਰ ਨੰ:5942/ਸੂਚਨਾ ਕਲਰਕ, ਮਿਤੀ 09-07-2019 ਦੀ ਦਫ਼ਤਰੀ ਕਾਪੀ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਅਪੀਲਕਰਤਾ ਨੂੰ ਪੱਤਰ ਨੰ:551/ਸਟੈਨੋ, ਮਿਤੀ 09-07-2019 ਰਾਹੀਂ ਨੁਕਤਾ ਨੰ:3 ਬਾਰੇ ਸੂਚਨਾ ਦਸਤੀ ਦੇ ਦਿੱਤੀ ਗਈ ਹੈ। ਉੱਤਰਦਾਤਾ ਵੱਲੋਂ ਭੇਜੇ ਗਏ ਪੱਤਰ ਅਨੁਸਾਰ ਅਪੀਲਕਰਤਾ ਵੱਲੋਂ ਇਹ ਸੂਚਨਾ ਮਿਤੀ 09-07-2019 ਨੂੰ ਪ੍ਰਾਪਤ ਕੀਤੀ ਹੋਈ ਹੈ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੈ ਕਿ ਅਪੀਲਕਰਤਾ ਉਸ ਨੂੰ ਪ੍ਰਾਪਤ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**977/2019

ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ।ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 10 **ਜੁਲਾਈ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਭਗਵਾਨ ਸਿੰਘ,
#915,ਸੈਕਟਰ 127 ਗਿਲਕੋ, ਮੁਹਾਲੀ। ------ ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ,
ਗ੍ਰਹਿ ਮਾਮਲੇ ਤੇ ਨਿਆਂ ਵਿਭਾਗ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ ,
ਦਫਤਰਖ਼ ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ,
ਗ੍ਰਹਿ ਮਾਮਲੇ ਤੇ ਨਿਆਂ ਵਿਭਾਗ, ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:995/2018**

**ਹਾਜ਼ਰ:-**

1) ਅਪੀਲਕਰਤਾ ਸਮੇਤ ਸ਼੍ਰੀ ਕਾਬੁਲ ਸਿੰਘ, ਐਡਵੋਕੇਟ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰ) ਵੱਲੋਂ ਸ਼੍ਰੀ ਰਸ਼ਨੀ ਕੁਮਾਰ,ਸੁਪਰਡੰਟ-ਕਮ-ਲੋਕ ਸੂਚਨਾ ਅਧਿਕਾਰੀ (94177-34385) ਅਤੇ ਸ਼੍ਰੀ ਸੁਖਵਿੰਦਰ ਸਿੰਘ, ਏ.ਐਸ.ਆਈ. (83600-54302) ਦਫ਼ਤਰ ਏ.ਆਈ.ਜੀ. (ਕਰਾਈਮ)।

ਹੁਕਮ:

ਪਿਛਲੀ ਪੇਸ਼ੀ, ਮਿਤੀ 12-06-2019 ਤੇ ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਸ਼ਨੀ ਕੁਮਾਰ,ਸੁਪਰਡੰਟ-ਕਮ-ਲੋਕ ਸੂਚਨਾ ਅਧਿਕਾਰੀ ਨੇ ਪੱਤਰ ਨੰ:6/72/2017- 2ਗ4/3017, ਮਿਤੀ 11-06-2019 ਪੇਸ਼ ਕਰਦੇ ਹੋਏ ਕਿਹਾ ਸੀ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਸਬੰਧ ਡਾਇਰੈਕਟਰ ਜਨਰਲ ਆਫ ਪੁਲਿਸ, ਪੰਜਾਬ ਦੇ ਦਫ਼ਤਰ ਨਾਲ ਹੋਣ ਕਾਰਨ ਅਪੀਲਕਰਤਾ ਦੀ ਆਰ.ਟੀ.ਆਈ., ਆਰ.ਟੀ.ਆਈ. ਐਕਟ ਦੀ ਧਾਰਾ 6(3) ਤਹਿਤ ਉਨ੍ਹਾਂ ਨੂੰ ਤਬਦੀਲ ਕਰ ਦਿੱਤੀ ਗਈ ਸੀ। ਡਾਇਰੈਕਟਰ ਜਨਰਲ ਆਫ ਪੁਲਿਸ, ਪੰਜਾਬ ਦੇ ਦਫ਼ਤਰ ਦੇ ਐਡਮਿਨ ਵਿੰਗ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ., ਆਰ.ਟੀ.ਆਈ. ਐਕਟ ਦੀ ਧਾਰਾ 6(3) ਤਹਿਤ ਅੱਗੇ ਸਹਾਇਕ ਇੰਸਪੈਕਟਰ ਜਨਰਲ ਆਫ ਪੁਲਿਸ (ਕਰਾਈਮ) ਨੂੰ ਤਬਦੀਲ ਕਰ ਦਿੱਤੀ ਗਈ ਸੀ। ਸਹਾਇਕ ਇੰਸਪੈਕਟਰ ਜਨਰਲ ਆਫ ਪੁਲਿਸ (ਕਰਾਈਮ) ਦੇ ਦਫ਼ਤਰ ਵੱਲੋਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰ) ਨੂੰ ਹਦਾਇਤ ਕੀਤੀ ਗਈ ਸੀ ਕਿ ਆਰ.ਟੀ.ਆਈ. ਐਕਟ,2005 ਤਹਿਤ ਬਣਦੀ ਨੁਕਤਾਵਾਰ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 10-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਵੱਲੋਂ ਸ਼੍ਰੀ ਕਾਬੁਲ ਸਿੰਘ,ਐਡਵੋਕੇਟ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਸ਼੍ਰੀ ਸੁਖਵਿੰਦਰ ਸਿੰਘ, ਏ.ਐਸ.ਆਈ. ਦਫ਼ਤਰ ਏ.ਆਈ.ਜੀ. (ਕਰਾਈਮ) ਨੇ ਪੱਤਰ ਨੰ:2247, ਮਿਤੀ 05-07-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਅਪੀਲਕਰਤਾ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**995/2018

ਵੱਲੋਂ ਮੰਗੀ ਗਈ ਸੂਚਨਾ ਦੇ ਨੁਕਤਾ ਨੰ:1-2 ਬਾਰੇ ਸੂਚਨਾ ਅਪੀਲਕਰਤਾ ਨੂੰ ਦਿੱਤੀ ਜਾ ਚੱਕੀ ਹੈ ਅਤੇ ਨੁਕਤਾ ਨੰ:3 ਦਾ ਸਬੰਧ ਗ੍ਰਿਹ ਵਿਭਾਗ ਨਾਲ ਅਤੇ ਨੁਕਤਾ ਨੰ:4 ਦਾ ਸਬੰਧ ਦਫ਼ਤਰ ਰਾਜਪਾਲ ਪੰਜਾਬ ਜੀ ਨਾਲ ਹੈ ਅਤੇ ਇਸ ਬਾਰੇ ਸੂਚਨਾ ਉਨ੍ਹਾਂ ਵੱਲੋਂ ਦਿੱਤੀ ਜਾਣੀ ਬਣਦੀ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫ਼ਤਰ ਏ.ਆਈ.ਜੀ. (ਕਰਾਈਮ) ਪੰਜਾਬ ਵਲੋਂ ਅਪੀਲਕਰਤਾ ਨੂੰ ਸੂਚਨਾ ਬਹੁਤ ਦੇਰੀ ਨਾਲ ਦਿੱਤੀ ਗਈ ਹੈ। ਇਸ ਕਰਕੇ ਲੋਕ ਸੂਚਨਾ ਅਧਿਕਾਰੀ ਦਫ਼ਤਰ ਏ.ਆਈ.ਜੀ. (ਕਰਾਈਮ) ਪੰਜਾਬ ਨੂੰ ਭਵਿੱਖ ਵਿੱਚ ਆਰ.ਟੀ.ਆਈ. ਐਕਟ,2005 ਨਾਲ ਸਬੰਧਤ ਮਾਮਲਿਆਂ ਨੂੰ ਨਿਰਧਾਰਿਤ ਸਮੇਂ ਅੰਦਰ ਨਿਪਟਾਉਣ ਲਈ ਚਿਤਾਵਨੀ ਦਿੱਤੀ ਜਾਂਦੀ ਹੈ। ਇਸ ਤੋਂ ਇਲਾਵਾ ਇਹ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਬਾਕੀ ਰਹਿੰਦੀ ਨੁਕਤਾ ਨੰ:4 ਸਬੰਧੀ ਸੂਚਨਾ ਅਪੀਲਕਰਤਾ ਨੂੰ ਮੁਹੱਈਆ ਕਰਾਉਣ ਵਾਸਤੇ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ, ਆਰ.ਟੀ.ਆਈ.ਐਕਟ, 2005 ਦੀ ਧਾਰਾ 6(3) ਤਹਿਤ ਦਫ਼ਤਰ ਰਾਜਪਾਲ, ਪੰਜਾਬ, ਨੂੰ ਤਬਦੀਲ ਕੀਤੀ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫ਼ਤਰ ਗ੍ਰਿਹ ਮਾਮਲੇ ਤੇ ਨਿਆਂ ਵਿਭਾਗ ਨੂੰ ਨੁਕਤਾ ਨੰ:3 ਬਾਰੇ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਾਉਣ ਦੀ ਹਦਾਇਤ ਕੀਤੀ ਜਾਂਦੀ ਹੈ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 05-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 10 ਜੁਲਾਈ, 2019.**

**ਕਾਪੀ:-**

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਸਹਾਇਕ ਇੰਸਪੈਕਟਰ ਜਨਰਲ ਆਫ
ਪੁਲਿਸ (ਕਰਾਈਮ), ਪੰਜਾਬ, ਚੰਡੀਗੜ੍ਹ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਗਮੋਹਣ ਸਿੰਘ ਮੱਕੜ,
ਮਕਾਨ ਨੰ: 334,
ਜੀ.ਟੀ. ਰੋਡ ਸਲੇਮ ਟਾਬਰੀ,
ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਤਹਿਸੀਲਦਾਰ-ਕਮ-
ਸਬ ਰਜਿਸਟਰਾਰ (ਪੱਛਮੀ)
ਦਫ਼ਤਰ ਡਿਪਟੀ ਕਮਿਸ਼ਨਰ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਉਪ ਮੰਡਲ ਅਫਸਰ (ਪੱਛਮੀ), ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ: 916/2019**

**ਹਾਜ਼ਰ:-**

1) ਸ਼੍ਰੀ ਜਗਮੋਹਣ ਸਿੰਘ ਮੱਕੜ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਵਿੰਦਰ ਸਿੰਘ, ਰੀਡਰ/ਤਹਿਸੀਲਦਾਰ (99152-11009)।

**ਹੁਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹਰਵਿੰਦਰ ਸਿੰਘ, ਰੀਡਰ/ਤਹਿਸੀਲਦਾਰ, ਲੁਧਿਆਣਾ ਸੈਂਟਰਲ ਨੇ ਕਿਹਾ ਹੈ ਕਿ ਅਪੀਲਕਰਤਾ ਨੂੰ ਸੂਚਨਾ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ ਪਰੰਤੂ ਅਪੀਲਕਰਤਾ ਵੱਲੋਂ ਸੂਚਨਾ ਵਿੱਚ ਪਾਈ ਗਈ ਕਿਸੇ ਵੀ ਤਰੁੱਟੀ ਬਾਰੇ ਸੂਚਿਤ ਨਹੀਂ ਕੀਤਾ ਗਿਆ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 05-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 10 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਗਮੋਹਣ ਸਿੰਘ ਮੱਕੜ,
ਮਕਾਨ ਨੰ: 334,
ਜੀ.ਟੀ. ਰੋਡ ਸਲੇਮ ਟਾਬਰੀ,
ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ (ਪੱਛਮੀ),
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ,
ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ:918/2019**

**ਹਾਜ਼ਰ:-**

1) ਸ਼੍ਰੀ ਜਗਮੋਹਣ ਸਿੰਘ ਮੱਕੜ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਵਿੰਦਰ ਸਿੰਘ, ਰੀਡਰ/ਤਹਿਸੀਲਦਾਰ (99152-11009)।

**ਹੁਕਮ:**

ਅੱਜ ਪੇਸ਼ੀ ਸਮੇਂ ਹਾਜ਼ਰ ਅਪੀਲਕਰਤਾ ਨੇ ਦੱਸਿਆ ਹੈ ਕਿ ਉਸ ਵੱਲੋਂ ਆਪਣੀ ਆਰ.ਟੀ.ਆਈ. ਅਰਜ਼ੀ ਰਾਹੀਂ ਲੋਕ ਸੂਚਨਾ ਅਧਿਕਾਰੀ, ਦਫਤਰ ਉਪ ਮੰਡਲ ਮੈਜਿਸਟਰੇਟ (ਪੂਰਬੀ), ਲੁਧਿਆਣਾ ਕੋਲੋਂ ਸੂਚਨਾ ਮੰਗੀ ਗਈ ਸੀ ਪਰੰਤੂ ਕਮਿਸ਼ਨ ਵੱਲੋਂ ਸੁਣਵਾਈ ਲਈ ਨੋਟਿਸ ਲੋਕ ਸੂਚਨਾ ਅਧਿਕਾਰੀ, ਦਫਤਰ ਉਪ ਮੰਡਲ ਮੈਜਿਸਟਰੇਟ (ਪੱਛਮੀ), ਲੁਧਿਆਣਾ ਨੂੰ ਜਾਰੀ ਕੀਤਾ ਹੋਇਆ ਹੈ ਜਿਸ ਕਾਰਨ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਅਪੀਲਕਰਤਾ ਨੇ ਬੇਨਤੀ ਹੈ ਕਿ ਸੁਣਵਾਈ ਲਈ ਨੋਟਿਸ ਲੋਕ ਸੂਚਨਾ ਅਧਿਕਾਰੀ, ਦਫਤਰ ਉਪ ਮੰਡਲ ਮੈਜਿਸਟਰੇਟ (ਪੂਰਬੀ), ਲੁਧਿਆਣਾ ਨੂੰ ਜਾਰੀ ਕੀਤਾ ਜਾਵੇ।

2. ਕਲੈਰੀਕਲ ਗਲਤੀ ਨਾਲ ਲੋਕ ਸੂਚਨਾ ਅਧਿਕਾਰੀ, ਦਫਤਰ ਉਪ ਮੰਡਲ ਮੈਜਿਸਟਰੇਟ (ਪੱਛਮੀ), ਲੁਧਿਆਣਾ ਨੂੰ ਨੋਟਿਸ ਜਾਰੀ ਹੋ ਗਿਆ ਸੀ। ਇਸ ਕਰਕੇ ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ (ਪੂਰਬੀ), ਲੁਧਿਆਣਾ ਨੂੰ ਸੋਧਿਆ ਹੋਇਆ ਸੁਣਵਾਈ ਨੋਟਿਸ ਜਾਰੀ ਕੀਤਾ ਜਾਵੇ। ਇਹ ਕੇਸ **ਅਗਲੀ ਸੁਣਵਾਈ ਮਿਤੀ 05-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 10 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਭੁਪਿੰਦਰ ਸਿੰਘ, (ਮੋਬ 94170-16572)
ਪੁੱਤਰ ਸ਼੍ਰੀ ਅਜੀਤ ਸਿੰਘ,
ਮਕਾਨ ਨੰ:23, ਆਤਮ ਨਗਰ,
ਲੁਧਿਆਣਾ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਲੁਧਿਆਣਾ ਇੰਪਰੂਵਮੈਂਟ ਟੱਰਸਟ,
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਚੇਅਰਮੈਨ, ਲੁਧਿਆਣਾ ਇੰਪਰੂਵਮੈਂਟ ਟੱਰਸਟ,
ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ 946/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਸਰਬਜੀਤ ਸਿੰਘ ਕਾਹਲੋਂ (98885-64455) ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਮੀਤ ਸਿੰਘ, ਜੂਨੀਅਰ ਸਹਾਇਕ-ਕਮ-ਸਹਾਇਕ ਲੋਕ ਸੂਚਨਾ ਅਧਿਕਾਰੀ।

**ਹੁਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹਰਮੀਤ ਸਿੰਘ, ਜੂਨੀਅਰ ਸਹਾਇਕ-ਕਮ-ਸਹਾਇਕ ਲੋਕ ਸੂਚਨਾ ਅਧਿਕਾਰੀ ਨੇ ਪੱਤਰ ਨੰ:1736, ਮਿਤੀ 09-07-2019 ਪੇਸ਼ ਕਰਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਅਪੀਲਕਰਤਾ ਨੂੰ ਮਿਤੀ 10-05-2019 ਨੂੰ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਸਰਬਜੀਤ ਸਿੰਘ ਕਾਹਲੋਂ ਨੇ ਕਿਹਾ ਹੈ ਕਿ ਉੱਤਰਦਾਤਾ ਵੱਲੋਂ ਉਸ ਨੂੰ ਪਹਿਲਾਂ ਭੇਜੀ ਗਈ ਸੂਚਨਾ ਹੀ ਦੁਬਾਰਾ ਭੇਜੀ ਗਈ ਹੈ ਅਤੇ ਉਹ ਇਸ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉੱਤਰਦਾਤਾ ਵੱਲੋਂ ਭੇਜੀ ਗਈ ਸੂਚਨਾ ਦੇ ਨੁਕਤਾ ਨੰ:7.1, 7.7 ਅਤੇ 7.8 ਬਾਰੇ ਭੇਜੀ ਗਈ ਸੂਚਨਾ ਸਹੀ ਨਹੀਂ ਹੈ ਅਤੇ ਉਸ ਵੱਲੋਂ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆ ਹਾਜ਼ਰ ਉੱਤਰਦਾਤਾ ਨੂੰ ਨੋਟ ਵੀ ਕਰਵਾ ਦਿੱਤੀਆਂ ਗਈਆਂ ਹਨ। ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਅਪੀਲਕਰਤਾ ਦੇ ਨੁਮਾਇੰਦੇ ਵੱਲੋਂ ਸੂਚਨਾ ਬਾਰੇ ਦੱਸੀਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਨ ਉਪਰੰਤ ਪੇਸ਼ੀ ਦੀ ਅਗਲੀ ਮਿਤੀ ਪਹਿਲਾਂ-ਪਹਿਲਾਂ ਸੂਚਨਾ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 06-08-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 10 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ, ਚਮਕੌਰ ਸਾਹਿਬ,
ਜ਼ਿਲ੍ਹਾ ਰੂਪਨਗਰ।

ਪਹਿਲੀ ਅਪੀਲੀ ਅਥਾਰਟੀ-ਕਮ-
ਡਿਪਟੀ ਕਮਿਸ਼ਨਰ, ਰੂਪਨਗਰ। -----ਉੱਤਰਦਾਤਾ

**ਅਪੀਲ ਕੇਸ ਨੰ: 1545/2019**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਇੰਦਰਜੀਤ ਸਿੰਘ, ਸੁਪਰਡੰਟ-ਕਮ-ਲੋਕ ਸੂਚਨਾ ਅਧਿਕਾਰੀ (70186-44617) ਅਤੇ ਸ਼੍ਰੀ ਬੁੱਧ ਸਿੰਘ ਕਲਰਕ (98144-44116)।

**ਹੁਕਮ:**

ਪਿਛਲੀ ਪੇਸ਼ੀ, ਮਿਤੀ 18-06-2019 ਤੇ ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀਮਤੀ ਰਮਨਦੀਪ ਕੋਰ, ਕਲਰਕ ਵੱਲੋਂ ਅਪੀਲਕਰਤਾ ਨੂੰ ਮੁਹੱਈਆ ਕਰਵਾਈ ਗਈ ਸੂਚਨਾ ਨੂੰ ਵਾਚਣ ਤੇ ਇਹ ਪਾਇਆ ਗਿਆ ਸੀ ਨੁਕਤਾ ਨੰ:2, 3 ਅਤੇ 4 ਬਾਰੇ ਦਿੱਤੀ ਗਈ ਸੂਚਨਾ ਸਹੀ ਨਹੀਂ ਸੀ। ਇਸ ਲਈ ਉੱਤਰਦਾਤਾ, ਸ਼੍ਰੀ ਮਨਕੰਵਲ ਸਿੰਘ ਚਾਹਲ, ਪੀ.ਸੀ.ਐਸ., ਉਪ ਮੰਡਲ ਮੈਜਿਸਟਰੇਟ-ਕਮ-ਪਹਿਲੀ ਅਪੀਲੀ ਅਥਾਰਟੀ (ਆਰ.ਟੀ.ਆਈ.), ਸ੍ਰੀ ਚਮਕੌਰ ਸਾਹਿਬ ਨੂੰ ਹਦਾਇਤ ਕੀਤੀ ਗਈ ਸੀ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਅਤੇ ਅਪੀਲਕਰਤਾ ਵਿਰੁੱਧ ਬਿਨ੍ਹਾਂ ਕਿਸੇ ਦਸਤਾਵੇਜ਼ੀ ਸਬੂਤ ਤੋਂ ਵਿਭਾਗਾਂ ਦੇ ਅਧਿਕਾਰੀਆਂ/ਕਰਮਚਾਰੀਆਂ ਨੂੰ ਬਲੈਕਮੇਲ ਕਰਨ ਸਬੰਧੀ ਰਿਕਾਰਡ ਕੀਤੇ ਗਏ ਕਥਨਾਂ ਬਾਰੇ ਸਥਿਤੀ ਸਪੱਸ਼ਟ ਕੀਤੀ ਜਾਵੇ।ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 10-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਪਰੰਤੂ ਸਬੰਧਤ ਅਧਿਕਾਰੀ ਕਮਿਸ਼ਨ ਦੇ ਹੁਕਮਾਂ ਦੀ ਕੋਈ ਪ੍ਰਵਾਹ ਨਾ ਕਰਦੇ ਹੋਏ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਏ ਅਤੇ ਨਾ ਹੀ ਅੱਜ ਪੇਸ਼ੀ ਤੇ ਹਾਜ਼ਰ ਸ਼੍ਰੀ ਇੰਦਰਜੀਤ ਸਿੰਘ, ਸੁਪਰਡੰਟ-ਕਮ-ਲੋਕ ਸੂਚਨਾ ਅਧਿਕਾਰੀ ਵੱਲੋਂ ਸਬੰਧਤ ਅਧਿਕਾਰੀ ਦੇ ਪੇਸ਼ੀ ਦੇ ਹਾਜ਼ਰ ਨਾ ਹੋਣ ਬਾਰੇ ਜ਼ੁਬਾਨੀ ਜਾਂ ਲਿਖਤੀ ਰੂਪ ਵਿੱਚ ਕੋਈ ਤਸੱਲੀਬਖ਼ਸ਼ ਜਵਾਬ ਹੀ ਪੇਸ਼ ਕੀਤਾ ਗਿਆ ਹੈ।ਇਸ ਲਈ ਸ਼੍ਰੀ ਮਨਕੰਵਲ ਸਿੰਘ ਚਾਹਲ, ਪੀ.ਸੀ.ਐਸ., ਉਪ ਮੰਡਲ ਮੈਜਿਸਟਰੇਟ-ਕਮ-ਪਹਿਲੀ ਅਪੀਲੀ ਅਥਾਰਟੀ (ਆਰ.ਟੀ.ਆਈ.), ਸ੍ਰੀ ਚਮਕੌਰ ਸਾਹਿਬ ਨੂੰ ਮੁੜ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਅਤੇ ਅਪੀਲਕਰਤਾ ਵਿਰੁੱਧ ਬਿਨ੍ਹਾਂ ਕਿਸੇ ਦਸਤਾਵੇਜ਼ੀ ਸਬੂਤ ਤੋਂ ਵਿਭਾਗਾਂ ਦੇ ਅਧਿਕਾਰੀਆਂ/ਕਰਮਚਾਰੀਆਂ ਨੂੰ ਬਲੈਕਮੇਲ ਕਰਨ ਸਬੰਧੀ ਰਿਕਾਰਡ ਕੀਤੇ ਗਏ ਕਥਨਾਂ ਬਾਰੇ ਸਥਿਤੀ ਸਪੱਸ਼ਟ ਕੀਤੀ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 24-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 10 ਜੁਲਾਈ, 2019.**

**ਕਾਪੀ:-**

ਸ਼੍ਰੀ ਮਨਕੰਵਲ ਸਿੰਘ ਚਾਹਲ, ਪੀ.ਸੀ.ਐਸ.,
ਉਪ ਮੰਡਲ ਮੈਜਿਸਟਰੇਟ-ਕਮ-
ਪਹਿਲੀ ਅਪੀਲੀ ਅਥਾਰਟੀ (ਆਰ.ਟੀ.ਆਈ.),
ਸ੍ਰੀ ਚਮਕੌਰ ਸਾਹਿਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਕਰਨਲ ਐਫ.ਐੱਸ .ਦੇਹਲ (ਰਿਟਾ:), (79864-45017)
#491 ਫੇਸ 1-ਬੀ, ਸ਼ਿਵਾਲਿਕ ਐਵਨਿਊ,
ਨਵਾਂ ਨੰਗਲ, ਜ਼ਿਲ੍ਹਾ ਰੋਪੜ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਨਗਰ ਕੌਂਸਿਲ, ਨਵਾਂ ਨੰਗਲ,
ਜ਼ਿਲ੍ਹਾ ਰੋਪੜ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਡਾਇਰੈਕਟਰ,
ਅਰਬਨ ਲੋਕਲ ਬਾਡੀਜ਼,
ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ:2224/2018**

**ਹਾਜ਼ਰ:-**

1) ਕਰਨਲ ਐਫ.ਐੱਸ .ਦੇਹਲ (ਰਿਟਾ:), ਅਪੀਲਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਐਸ.ਐਸ.ਧਾਲੀਵਾਲ, ਐਡਵੋਕੇਟ (80543-68355) ਸਮੇਤ ਸ਼੍ਰੀ ਮਨਜਿੰਦਰ ਸਿੰਘ, ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਨਵਾਂ ਨੰਗਲ (96462-50005) ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 08-12-2017, ਲੋਕ ਸੂਚਨਾ ਅਧਿਕਾਰੀ ਦਫਤਰ ਨਗਰ ਕੌਂਸਿਲ, ਨਵਾਂ ਨੰਗਲ, ਜ਼ਿਲ੍ਹਾ ਰੋਪੜ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼ਿਵਾਲਿਕ ਐਵਨਿਊ, ਨਵਾਂ ਨੰਗਲ ਵਾਸੀਆਂ ਨੂੰ ਪਾਈਪ ਗੈਸ ਸਪਲਾਈ ਲਈ ਚੱਲ ਰਹੇ ਕੰਮ ਦੇ ਠੇਕੇ ਨਾਲ ਸਬੰਧਤ 07 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 07-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 06-06-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ ਕਮਿਸ਼ਨ ਵਲੋਂ ਮਿਤੀ 27-08-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 19-09-2018 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 20-12-2018 ਤੇ ਇਹ ਕੇਸ ਪੂਰਵਲੇ ਰਾਜ ਸੂਚਨਾ ਕਮਿਸ਼ਨਰ (ਪ੍ਰੋਫੈਸਰ ਵਿਨੈ ਕਪੂਰ ਮਹਿਰਾ) ਜੀ ਵੱਲੋ ਸੁਣਿਆ ਗਿਆ ਸੀ। ਅਪੀਲਕਰਤਾ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਸੀ। ਉੱਤਰਦਾਤਾ ਸ਼੍ਰੀ ਮਨਜਿੰਦਰ ਸਿੰਘ, ਲੋਕ ਸੂਚਨਾ ਅਧਿਕਾਰੀ-ਕਮ-ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਨਵਾਂ ਨੰਗਲ ਨੇ ਕਮਿਸ਼ਨ ਵੱਲੋਂ ਜਾਰੀ ਕੀਤੇ ਗਏ ਕਾਰਨ ਦੱਸੋ ਨੋਟਿਸ, ਮਿਤੀ 05-10-2018 ਦਾ ਜਵਾਬ ਪੇਸ਼ ਕਰਦੇ ਹੋਏ ਦੱਸਿਆ ਗਿਆ ਸੀ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਸਬੰਧ ਨਗਰ ਕੌਂਸਿਲ, ਨਵਾਂ ਨੰਗਲ ਨਾਲ ਨਹੀਂ ਅਤੇ ਇਹ ਸੂਚਨਾ ਭਾਰਤ ਪੈਟਰੋਲੀਅਮ ਕਾਰਪੋਰੇਸ਼ਨ, ਲਿਮਟਿਡ ਵੱਲੋਂ ਮੁਹੱਈਆ ਕੀਤੀ ਜਾਣੀ ਬਣਦੀ ਹੈ ਜਿਸ ਬਾਰੇ ਅਪੀਲਕਰਤਾ ਨੂੰ ਸੂਚਿਤ ਕੀਤਾ ਚੁੱਕਾ ਹੈ।ਹਾਜ਼ਰ ਉੱਤਰਦਾਤਾ ਵੱਲੋਂ ਇਹ ਵੀ ਦੱਸਿਆ ਗਿਆ ਸੀ ਕਿ ਅਪੀਲਕਰਤਾ ਨੇ ਕਮਿਸ਼ਨ ਵੱਲੋਂ ਪਾਏ ਗਏ ਮੁਅਵਜ਼ੇ ਦੀ ਰਕਮ 5000/-ਰੁਪਏ (ਕੇਵਲ ਪੰਜ ਹਜ਼ਾਰ ਰੁਪਏ) ਲੈਣ ਤੋਂ ਵੀ ਇੰਨਕਾਰ ਕੀਤਾ ਹੈ। ਇਸ ਲਈ ਉੱਤਰਦਾਤਾ(ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਭਾਰਤ ਪੈਟਰੋਲੀਅਮ ਕਾਰਪੋਰੇਸ਼ਨ, ਲਿਮਟਿਡ ਕੋਲੋਂ ਸੂਚਨਾ ਪ੍ਰਾਪਤ ਕਰਕੇ ਅਪੀਲਕਰਤਾ ਨੂੰ ਮੁਹੱਈਆ ਕਰਵਾਈ ਜਾਵੇ ਅਤੇ ਮੁਅਵਜ਼ੇ ਦੀ ਰਕਮ 5000/-ਰੁਪਏ (ਕੇਵਲ ਪੰਜ ਹਜ਼ਾਰ ਰੁਪਏ) ਦਾ ਚੈੱਕ/ਡਿਮਾਂਡ ਡਰਾਫਟ ਪੇਸ਼ੀ ਦੀ ਅਗਲੀ ਮਿਤੀ ਤੇ ਪੇਸ਼ ਕੀਤਾ ਜਾਵੇ।

3. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:2224/2018**

ਐਸ.ਐਸ.ਧਾਲੀਵਾਲ, ਐਡਵੋਕੇਟ ਅਤੇ ਸ਼੍ਰੀ ਮਨਜਿੰਦਰ ਸਿੰਘ, ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਨਵਾਂ ਨੰਗਲ ਨੇ ਕਿਹਾ ਕਿ ਕਮਿਸ਼ਨ ਦੇ ਹੁਕਮ, ਮਿਤੀ 20-12-2018 ਦੀ ਪਾਲਣਾ ਕਰਦੇ ਹੋਏ ਉਨ੍ਹਾਂ ਵੱਲੋਂ ਭਾਰਤ ਪੈਟਰੋਲੀਅਮ ਕਾਰਪੋਰੇਸ਼ਨ, ਲਿਮਟਿਡ ਕੋਲੋਂ ਸੂਚਨਾ ਪ੍ਰਾਪਤ ਕਰਕੇ ਅਪੀਲਕਰਤਾ ਨੂੰ ਭੇਜੀ ਜਾ ਚੁੱਕੀ ਹੈ।ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:629-630, ਮਿਤੀ 28-03-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਹੋਇਆ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਹ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ।

4. ਉੱਤਰਦਾਤਾ ਵੱਲੋਂ ਕਮਿਸ਼ਨ ਦੇ ਹੁਕਮ, ਮਿਤੀ 20-12-2018 ਦੀ ਪਾਲਣਾ ਕਰਦੇ ਹੋਏ ਭਾਰਤ ਪੈਟਰੋਲੀਅਮ ਕਾਰਪੋਰੇਸ਼ਨ, ਲਿਮਟਿਡ ਕੋਲੋਂ ਸੂਚਨਾ ਪ੍ਰਾਪਤ ਕਰਕੇ ਅਪੀਲਕਰਤਾ ਨੂੰ ਭੇਜੀ ਜਾ ਚੁੱਕੀ ਹੈ ਜੋ ਕਿ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਈ ਗਈ ਹੈ। ਇਸ ਕਰ ਕੇ ਇਸ ਕੇਸ ਵਿੱਚ ਕਿਸ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਉੱਤਰਦਾਤਾ ਸ਼੍ਰੀ ਮਨਜਿੰਦਰ ਸਿੰਘ, ਲੋਕ ਸੂਚਨਾ ਅਧਿਕਾਰੀ-ਕਮ-ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਨਵਾਂ ਨੰਗਲ ਵੱਲੋਂ ਕਮਿਸ਼ਨ ਵੱਲੋਂ ਜਾਰੀ ਕੀਤੇ ਗਏ ਕਾਰਨ ਦੱਸੋ ਨੋਟਿਸ, ਮਿਤੀ 05-10-2018 ਸਬੰਧੀ ਪਹਿਲਾਂ ਹੀ ਪੇਸ਼ ਕੀਤੇ ਗਏ ਜਵਾਬ, ਮਿਤੀ 30-11-2018, ਨੂੰ ਤਸੱਲੀਬਖ਼ਸ ਪਾਉਂਦੇ ਹੋਏ ਉਨ੍ਹਾਂ ਵਿਰੁੱਧ ਜਾਰੀ ਕੀਤਾ ਗਿਆ **ਕਾਰਨ ਦੱਸੋ ਨੋਟਿਸ ਖਾਰਜ** ਕੀਤਾ ਜਾਂਦਾ ਹੈ ਅਤੇ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 10 ਜੁਲਾਈ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਕਰਨਲ ਐਫ.ਐੱਸ. ਦੇਹਲ (ਰਿਟਾ:)
491 ਫੇਸ 1-ਬੀ, ਸ਼ਿਵਾਲਿਕ ਐਵਨਿਊ
ਨਵਾਂ ਨੰਗਲ ਜ਼ਿਲ੍ਹਾ ਰੋਪੜ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਨਵਾਂ ਨੰਗਲ,
ਜ਼ਿਲ੍ਹਾ ਰੂਪਨਗਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਡਾਇਰੈਕਟਰ,
ਅਰਬਨ ਲੋਕਲ ਬਾਡੀਜ਼, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ:2993/2018**

**ਹਾਜ਼ਰ:-**

1) ਕਰਨਲ ਐਫ.ਐੱਸ .ਦੇਹਲ (ਰਿਟਾ:), ਅਪੀਲਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਐਸ.ਐਸ.ਧਾਲੀਵਾਲ, ਐਡਵੋਕੇਟ (80543-68355) ਸਮੇਤ ਸ਼੍ਰੀ ਮਨਜਿੰਦਰ ਸਿੰਘ, ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਨਵਾਂ ਨੰਗਲ (96462-50005) ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 23-01-2018, ਲੋਕ ਸੂਚਨਾ ਅਧਿਕਾਰੀ ਦਫਤਰ ਨਗਰ ਕੌਂਸਿਲ, ਨਵਾਂ ਨੰਗਲ, ਜ਼ਿਲ੍ਹਾ ਰੋਪੜ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪਿਛਲੇ 10 ਸਾਲਾਂ ਦੌਰਾਨ ਵੱਖ-ਵੱਖ ਥਾਵਾਂ ਤੇ ਕੀਤੇ ਟਾਈਲਾਂ ਦੇ ਕੰਮ ਬਾਰੇ ਆਪਣੇ ਵੱਲੋਂ ਤਿਆਰ ਕੀਤੇ ਗਏ ਪ੍ਰੋਫਾਰਮੇ ਵਿੱਚ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 12-04-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 04-09-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ ਕਮਿਸ਼ਨ ਵਲੋਂ ਮਿਤੀ 09-10-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-11-2018 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਐਸ.ਐਸ.ਧਾਲੀਵਾਲ, ਐਡਵੋਕੇਟ ਅਤੇ ਸ਼੍ਰੀ ਮਨਜਿੰਦਰ ਸਿੰਘ, ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਨਵਾਂ ਨੰਗਲ ਨੇ ਕਿਹਾ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਬਹੁਤ ਜ਼ਿਆਦਾ ਮਾਤਰਾ ਵਿੱਚ ਹੈ ਜੋ ਕਿ ਅਪੀਲਕਰਤਾ ਵੱਲੋਂ ਦਿੱਤੇ ਗਏ ਪ੍ਰੋਫਾਰਮੇ ਵਿੱਚ ਤਿਆਰ ਕਰਕੇ ਨਹੀਂ ਕੀਤੀ ਜਾ ਸਕਦੀ। ਉਨ੍ਹਾ ਵੱਲੋਂ ਇਹ ਵੀ ਕਿਹਾ ਗਿਆ ਕਿ ਅਪੀਲਕਰਤਾ ਨੂੰ ਲਿਖਿਆ ਗਿਆ ਹੈ ਕਿ ਉਹ ਕਿਸੇ ਕੰਮ ਵਾਲੇ ਦਿਨ ਉਨ੍ਹਾਂ ਦੇ ਦਫ਼ਤਰ ਜਾ ਰਿਕਾਰਡ ਵੇਖ ਸਕਦੇ ਹਨ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਅਪੀਲਕਰਤਾ ਨੂੰ ਰਿਕਾਰਡ ਵਿਖਾਉਣ ਲਈ ਤਿਆਰ ਹੈ ਪਰੰਤੂ ਕਮਿਸ਼ਨ ਦੇ ਹੁਕਮ ਦੇ ਬਾਵਜੂਦ ਵੀ ਅਪੀਲਕਰਤਾ ਨੇ ਉੱਤਰਦਾਤਾ ਦਾ ਰਿਕਾਰਡ ਚੈੱਕ ਕਰਕੇ ਸੂਚਨਾ ਲੈਣ ਤੋਂ ਇੰਨਕਾਰ ਕੀਤਾ ਹੈ ਅਤੇ ਉੱਚੀ-ਉੱਚੀ ਬੋਲ ਕੇ ਆਪਣਾ ਦਬਾਅ ਬਣਾ ਕੇ ਸੂਚਨਾ ਲੈਣ ਦੀ ਕੋਸ਼ਿਸ਼ ਕੀਤੀ ਹੈ ਜੋ ਕਿ ਵਾਜਿਬ ਨਹੀਂ ਹੈ। ਅਪੀਲਕਰਤਾ ਵੱਲੋਂ ਆਪ ਤਿਆਰ ਕੀਤੇ ਗਏ ਪ੍ਰੋਫਾਰਮੇ ਵਿੱਚ ਲੋਕ ਸੂਚਨਾ ਅਧਿਕਾਰੀ ਵੱਲੋਂ ਸੂਚਨਾ ਤਿਆਰ ਕਰ ਕੇ ਦੇਣ ਬਾਰੇ ਆਰ.ਟੀ.ਆਈ. ਐਕਟ, 2005 ਵਿੱਚ ਕੋਈ ਉਪਬੰਧ ਨਹੀਂ ਹੈ। ਲੋਕ ਸੂਚਨਾ ਅਧਿਕਾਰੀ ਵੱਲੋਂ ਉਸ ਦੇ ਰਿਕਾਰਡ ਵਿੱਚ ਮੌਜੂਦ ਜਿਉਂ ਦੀ ਤਿਉਂ ਸੂਚਨਾ ਹੀ ਮੁਹੱਈਆ ਕਰਵਾਈ ਜਾ ਸਕਦੀ ਹੈ। ਇਸ ਲਈ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜੇ ਜਵਾਬ ਨੂੰ ਤਸੱਲੀਬਖ਼ਸ ਪਾਉਂਦੇ ਹੋਏ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 10 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਭੂਪਿੰਦਰ ਸਿੰਘ (ਮੋਬ: 94170-16572)
ਪੁੱਤਰ ਸ਼੍ਰੀ ਅਜੀਤ ਸਿੰਘ,
ਮਕਾਨ ਨੰ:23, ਆਤਮ ਨਗਰ, ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ (ਪੂਰਬੀ), ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਵਧੀਕ ਡਿਪਟੀ ਕਮਿਸ਼ਨਰ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 947/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਸਰਬਜੀਤ ਸਿੰਘ ਕਾਹਲੋਂ (98885-64455) ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਵੀ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 18-06-2019 ਤੇ ਅਪੀਲਕਰਤਾ ਵੱਲੋਂ ਹਾਜ਼ਰ ਅਧਿਕਾਰਿਤ ਨੁਮਾਇੰਦੇ, ਸ਼੍ਰੀ ਸਰਬਜੀਤ ਸਿੰਘ ਕਾਹਲੋਂ ਨੇ ਦੱਸਿਆ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ, ਲੋਕ ਸੂਚਨਾ ਅਧਿਕਾਰੀ-ਕਮ-ਤਹਿਸੀਲਦਾਰ ਲੁਧਿਆਣਾ (ਪੂਰਬੀ) ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:415, ਮਿਤੀ 12-06-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਸੀ ਕਿ ਇਹ ਮਾਮਲਾ ਤਹਿਸੀਲਦਾਰ ਲੁਧਿਆਣਾ (ਦੱਖਣੀ) ਨਾਲ ਸਬੰਧਤ ਹੈ ਪਰੰਤੂ ਉਨ੍ਹਾਂ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ., ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਤਹਿਤ ਸਬੰਧਤ ਲੋਕ ਸੂਚਨਾ ਅਧਿਕਾਰੀ ਨੂੰ ਤਬਦੀਲ ਨਹੀਂ ਕੀਤੀ ਗਈ ਸੀ ਇਸ ਲਈ ਲੋਕ ਸੂਚਨਾ ਅਧਿਕਾਰੀ-ਕਮ-ਤਹਿਸੀਲਦਾਰ ਲੁਧਿਆਣਾ (ਪੂਰਬੀ) ਅਤੇ ਸ਼੍ਰੀ ਹਰਮਿੰਦਰ ਸਿੰਘ, ਰੀਡਰ ਨੂੰ ਹਦਾਇਤ ਕੀਤੀ ਗਈ ਸੀ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਕੇਸ ਦੀ ਸਥਿਤੀ ਸਪੱਸ਼ਟ ਕੀਤੀ ਜਾਵੇ ਅਤੇ ਪਿਛਲੀ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 10-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਅਪੀਲਕਰਤਾ ਵੱਲੋਂ ਹਾਜ਼ਰ ਅਧਿਕਾਰਿਤ ਨੁਮਾਇੰਦੇ, ਸ਼੍ਰੀ ਸਰਬਜੀਤ ਸਿੰਘ ਕਾਹਲੋਂ ਨੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਅੱਜ ਫਿਰ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਹੈ। ਇਸ ਲਈ **ਲੋਕ ਸੂਚਨਾ ਅਧਿਕਾਰੀ-ਕਮ-ਤਹਿਸੀਲਦਾਰ ਲੁਧਿਆਣਾ (ਪੂਰਬੀ) ਅਤੇ ਸ਼੍ਰੀ ਹਰਮਿੰਦਰ ਸਿੰਘ, ਰੀਡਰ ਨੂੰ ਆਖਰੀ ਮੌਕਾ ਦਿੰਦੇ ਹੋਏ ਮੁੜ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਕੇਸ ਦੀ ਸਥਿਤੀ ਸਪੱਸ਼ਟ ਕੀਤੀ ਜਾਵੇ ਅਤੇ ਪਿਛਲੀ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ।ਅਜਿਹਾ ਨਾ**

_ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ: 947/2019**

**ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ।**

3. ਲੋਕ ਸੂਚਨਾ ਅਧਿਕਾਰੀ-ਕਮ-ਤਹਿਸੀਲਦਾਰ ਲੁਧਿਆਣਾ (ਦੱਖਣੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਲੋਕ ਸੂਚਨਾ ਅਧਿਕਾਰੀ-ਕਮ-ਤਹਿਸੀਲਦਾਰ ਲੁਧਿਆਣਾ (ਪੂਰਬੀ) ਨਾਲ ਤਾਲਮੇਲ ਕਰਕੇ ਅਪੀਲਕਰਤਾ ਵੱਲੋਂ ਮੰਗੀ ਗਈ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਕੇ ਪੇਸ਼ੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 06-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 10 ਜੁਲਾਈ, 2019.**

**ਕਾਪੀ:-**

ਲੋਕ ਸੂਚਨਾ ਅਧਿਕਾਰੀ-ਕਮ-
ਤਹਿਸੀਲਦਾਰ, ਲੁਧਿਆਣਾ (ਦੱਖਣੀ)।